ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹਾ ਹਸਪਤਾਲ ਵਿਖੇ ਖ਼ੂਨਦਾਨ ਕੈਂਪ

40 ਯੂਨਿਟ ਖ਼ੂਨ ਕੀਤਾ ਇਕੱਤਰ

ਸਿਹਤ ਵਿਭਾਗ ਦੇ ਅਧਿਕਾਰੀਆਂ ਵੱਲੋਂ ਨੌਜਵਾਨਾਂ ਦੀ ਹੌਸਲਾਅਫ਼ਜ਼ਾਈ

ਫਤਹਿਗੜ੍ਹ ਸਾਹਿਬ, 28 ਅਪ੍ਰੈਲ
ਹਲਕਾ ਅਮਲੋਹ ਦੇ ਵਿਧਾਇਕ ਕਾਕਾ ਰਣਦੀਪ ਸਿੰਘ ਦੇ ਮਾਰਗ ਦਰਸ਼ਨ ਮੁਤਾਬਕ ਲੇਟ ਸਰਦਾਰ ਗੁਰਦਰਸ਼ਨ ਸਿੰਘ ਨਾਭਾ ਫਾਊਂਡੇਸ਼ਨ ਅਤੇ ਯੂਥ ਕਾਂਗਰਸ ਹਲਕਾ, ਅਮਲੋਹ ਵਲੋਂ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਸੁਭਾਸ਼ ਸੂਦ ਦੀ ਅਗਵਾਈ ਵਿੱਚ ਸਿਵਲ ਹਸਪਤਾਲ, ਫਤਹਿਗੜ੍ਹ ਸਾਹਿਬ ਵਿਖੇ ਖ਼ੂਨਦਾਨ ਕੈਂਪ ਲਾਇਆ ਗਿਆ, ਜਿਸ ਵਿੱਚ 40 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ। ਇਸ ਕੈਂਪ ਵਿੱਚ ਡਿਪਟੀ ਮੈਡੀਕਲ ਕਮਿਸ਼ਨਰ ਡਾ. ਜਗਦੀਸ਼ ਸਿੰਘ, ਐੱਸ.ਐਮ.ਓ. ਡਾ. ਕੁਲਦੀਪ ਸਿੰਘ ਤੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਪਰਸ਼ੋਤਮ ਦਾਸ ਨੇ ਖ਼ੂਨਦਾਨੀਆਂ ਦੀ ਹੌਸਲਾਅਫਜ਼ਾਈ ਕੀਤੀ । ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਐੱਸ.ਐਮ.ਓ. ਡਾ. ਕੁਲਦੀਪ ਸਿੰਘ ਨੇ ਦੱਸਿਆ ਕਿ ਕੋਰੋਨਾ ਮਹਾਂਮਾਰੀ ਦੌਰਾਨ ਨੌਜਵਾਨ ਖ਼ੂਨ ਦਾਨੀਆਂ ਵੱਲੋਂ ਕੀਤਾ ਗਿਆ ਖ਼ੂਨਦਾਨ ਮਾਨਵਤਾ ਦੀ ਸੇਵਾ ਸਬੰਧੀ ਵੱਡਾ ਕਾਰਜ ਹੈ।
ਯੂਥ ਕਾਂਗਰਸ, ਅਮਲੋਹ ਦੇ ਪ੍ਰਧਾਨ ਅਮਿਤ ਜੈ ਚੰਦ ਸ਼ਰਮਾ ਨੇ ਦੱਸਿਆ ਕਿ ਉਹਨਾਂ ਵੱਲੋਂ ਇਸ ਮਹਾਂਮਾਰੀ ਦੌਰਾਨ ਪਹਿਲਾਂ ਵੀ ਖ਼ੂਨਦਾਨ ਕੈਂਪ ਲਗਾਇਆ ਗਿਆ ਸੀ, ਜਿਸ ਵਿੱਚ 34 ਯੂਨਿਟ ਖ਼ੂਨਦਾਨ ਕੀਤਾ ਗਿਆ ਸੀ। ਇਸ ਮੌਕੇ ਜ਼ਿਲ੍ਹਾ ਮਾਸ ਮੀਡੀਆ ਅਫਸਰ ਪਰਮਿੰਦਰ ਸਿੰਘ, ਡਿਪਟੀ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ ਬਲਜਿੰਦਰ ਸਿੰਘ, ਐਮ.ਐਲ.ਏ. ਅਮਲੋਹ ਦੇ ਮੀਡੀਆ ਇੰਚਾਰਜ ਸ਼ਰਨ ਭੱਟੀ, ਅਮਰੀਕ ਸੈਣੀ, ਅਲੀ ਬਾਦਸ਼ਾਹ, ਰਾਜੇਸ਼ ਕੁਮਾਰ, ਰਮੇਸ਼ ਕੁਮਾਰ, ਸਤਿੰਦਰ ਸਿੰਘ, ਗੁਰਦੀਪ ਸਿੰਘ, ਕਮਲਪ੍ਰੀਤ ਸਿੰਘ, ਸਿਕੰਦਰ, ਜੌਨੀ, ਗੌਰਵ ਸ਼ਰਮਾ ਤੇ ਰਾਜੂ ਸੁਖਵਿੰਦਰ ਵੀ ਹਾਜ਼ਰ ਸਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ
ਵਾਤਾਵਰਨ ਬਚਾਓ ਕਣਕ ਦੀ ਨਾੜ ਨੂੰ ਅੱਗ ਨਾ ਲਾਓ
ਮੁੱਖ ਖੇਤੀਬਾੜੀ ਅਫ਼ਸਰ ਨੇ ਲੋਕਾਂ ਨੂੰ ਕੀਤੀ ਅਪੀਲ

ਨਾੜ ਨੂੰ ਅੱਗ ਲਗਾਉਣ 'ਤੇ ਹੋਵੇਗਾ ਜੁਰਮਾਨਾ
ਫ਼ਤਹਿਗੜ੍ਹ ਸਹਿਬ, 28 ਅਪ੍ਰੈਲ :
ਮੁੱਖ ਖੇਤੀਬਾੜੀ ਅਫਸਰ ਡਾ. ਇੰਦਪਰਾਲ ਸਿੰਘ ਸੰਧੂ ਨੇ ਕਿਹਾ ਕਿ ਇਸ ਸਮੇਂ ਕਣਕ ਦੀ ਵਾਢੀ ਪੂਰੇ ਜ਼ੋਰਾਂ ਨਾਲ ਚੱਲ ਰਹੀ ਹੈ ਅਤੇ ਜ਼ਿਲ੍ਹੇ ਵਿੱਚ ਲਗਭਗ 70 ਫੀਸਦੀ ਕਣਕ ਦੀ ਵਾਢੀ ਹੋ ਚੁੱਕੀ ਹੈ। ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਕਿਸਾਨਾਂ ਨੂੰ ਕਣਕ ਦੀ ਰਹਿੰਦ ਖੂੰਹਦ ਨੂੰ ਅੱਗ ਨਾ ਲਗਾਉਣ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੇ । ਉਨ੍ਹਾਂ ਕਿਹਾ ਕਿ ਜੇਕਰ ਕੋਈ ਕਿਸਾਨ ਕਣਕ ਦੀ ਰਹਿੰਦ ਖੂੰਹਦ ਨੂੰ ਅੱਗ ਲਗਾਉਂਦਾ ਹੈ ਤਾਂ ਨੈਸ਼ਨਲ ਗਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਅਨੁਸਾਰ ਅੱਗ ਲਗਾਉਣ ਵਾਲੇ 02 ਏਕੜ ਤੱਕ ਜ਼ਮੀਨ ਦੇ ਮਾਲਕ ਕਿਸਾਨਾਂ ਨੂੰ 2500 ਰੁਪਏ, 02 ਤੋਂ 05 ਏਕੜ ਤੱਕ ਜ਼ਮੀਨ ਦੇ ਮਾਲਕ ਕਿਸਾਨਾਂ ਨੂੰ 5000 ਰੁਪਏ ਅਤੇ 05 ਏਕੜ ਤੋਂ ਉਪਰ ਜ਼ਮੀਨ ਦੇ ਮਾਲਕ ਕਿਸਾਨਾਂ ਨੂੰ 15,000 ਰੁਪਏ ਜੁਰਮਾਨਾ ਅਦਾ ਕਰਨਾ ਪਵੇਗਾ।

ਡਾ. ਸੰਧੂ ਨੇ ਦੱਸਿਆ ਕਿ ਕਣਕ ਦੇ ਨਾੜ ਨੂੰ ਅੱਗ ਲਗਾਉਣ ਨਾਲ ਵੱਡੀ ਮਾਤਰਾ ਵਿੱਚ ਜਹਿਰੀਲੀਆਂ ਗੈਸਾਂ ਨਿਕਲਦੀਆਂ ਹਨ ਜੋ ਕਿ ਮਨੁੱਖੀ ਸਿਹਤ ਨੂੰ ਸਾਹ ਦੀ ਬਿਮਾਰੀ, ਅੱਖਾਂ ਦੀ ਜਲਣ ਐਤ ਚਮੜੀ ਰੋਗਾਂ ਦਾ ਕਾਰਨ ਬਣਦੀਆਂ ਹਨ। ਉਨ੍ਹਾਂ ਕਿਹਾ ਕਿ ਨਾੜ ਕਾਰਨ ਪੈਦਾ ਹੁੰਦੇ ਧੂੰਏ ਨਾਲ ਦੇਖਣ ਵਿੱਚ ਮੁਸ਼ਕਲ ਪੇਸ਼ ਆਉਂਦੀ ਹੈ, ਜਿਸ ਕਾਰਨ ਸੜਕੀ ਹਾਦਸੇ ਵੱਧ ਜਾਂਦੇ ਹਨ । ਇਸ ਤੋਂ ਇਲਾਵਾ ਪਸ਼ੂਆਂ, ਪੰਛੀਆਂ ਅਤੇ ਜ਼ਮੀਨ ਵਿੱਚ ਮੌਜੂਦ ਮਿੱਤਰ ਕੀੜਿਆਂ ਦਾ ਵੀ ਨੁਕਸਾਨ ਹੁੰਦਾ ਹੈ।ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿੱਚ ਕੋਰੋਨਾ ਵਾਇਰਸ ਦੇ ਖਤਰੇ ਕਾਰਨ ਪੈਦਾ ਹੋਏ ਹਾਲਾਤ ਵਿੱਚ ਕਣਕ ਦੇ ਨਾੜ ਨੂੰ ਅੱਗ ਲਗਾਉਣ ਨਾਲ ਜੇਕਰ ਹਵਾ ਪ੍ਰਦੂਸ਼ਣ ਵੱਧਦਾ ਹੈ ਤਾਂ ਮੁਸ਼ਕਲਾਂ ਵਿੱਚ ਹੋਰ ਵੀ ਵਾਧਾ ਹੋ ਸਕਦਾ ਹੈ।

ਡਾ. ਸੰਧੂ ਨੇ ਦੱਸਿਆ ਕਿ ਕਣਕ ਦੇ ਨਾੜ ਨੂੰ ਅੱਗ ਲਗਾਉਣ ਦੀ ਬਜਾਏ ਕਿਸਾਨ ਕਣਕ ਦੀ ਕਟਾਈ ਤੋਂ ਬਾਅਦ ਤਵੀਆਂ ਜਾਂ ਉਲਟਾਵੇਂ ਹਲ ਨਾਲ ਰਹਿੰਦ ਖੂਹੰਦ ਨੂੰ ਜ਼ਮੀਨ ਵਿੱਚ ਹੀ ਦਬਾ ਸਕਦੇ ਹਨ, ਜਿਸ ਨਾਲ ਮਿੱਟੀ ਦੀ ਸਿਹਤ ਵਿੱਚ ਸੁਧਾਰ ਹੋਵੇਗਾ ਅਤੇ ਵਾਤਾਵਰਣ ਵੀ ਪ੍ਰਦੂਸ਼ਣ ਰਹਿਤ ਰਹੇਗਾ।
ਡਾ. ਸੰਧੂ ਨੇ ਕਿਸਾਨਾਂ ਨੂੰ ਅਪੀਲ ਕੀਤੀ, "ਆਓ, ਪ੍ਰਣ ਕਰੀਏ ਕਿ ਇਸ ਵਾਰ ਕਣਕ ਦੇ ਨਾੜ ਨੂੰ ਅੱਗ ਨਾ ਲਗਾ ਕੇ ਹਰੀ ਖਾਦ ਲਈ ਜੰਤਰ ਅਤੇ ਮੂੰਗੀ ਦੀ ਕਾਸ਼ਤ ਕਰਾਂਗੇ ਤਾਂ ਜੋ ਜ਼ਮੀਨ ਦੀ ਸਿਹਤ ਵਿੱਚ ਸੁਧਾਰ ਹੋ ਸਕੇ।" ਇਸ ਨਾਲ ਕਿਸਾਨਾਂ ਦੀ ਆਮਦਨ ਵਿੱਚ ਵੀ ਵਾਧਾ ਹੋ ਸਕੇਗਾ ਅਤੇ ਵਾਤਾਵਰਣ ਵੀ ਸਵੱਛ ਰਹੇਗਾ।
ਉਨ੍ਹਾਂ ਦੱਸਿਆ ਕਿ ਕੋਵਿਡ-19 ਨੂੰ ਰੋਕਣ ਸਬੰਧੀ ਨਿਯਮਾਂ ਦੀ ਪਾਲਣਾ ਕਰਵਾਉਣ ਲਈ ਮੰਡੀਆਂ ਦੀ ਨਿਰੰਤਰ ਚੈਕਿੰਗ ਕੀਤੀ ਜਾ ਰਹੀ ਹੈ ਅਤੇ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਪੇਸ਼ ਨਾ ਆਵੇ ਇਸ ਗੱਲ ਦਾ ਪੂਰਾ ਧਿਆਨ ਰੱਖਿਆ ਜਾ ਰਿਹਾ ਹੈ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਕੋਰੋਨਾ ਤੋਂ ਬਚਾਅ ਸਬੰਧੀ ਮਗਨਰੇਗਾ ਅਧੀਨ ਕੰਮ ਕਰਨ ਵਾਲਿਆਂ ਲਈ ਅਡਵਾਇਜ਼ਰੀ

ਕੰਮ ਦੌਰਾਨ ਸਮਾਜਕ ਵਿੱਥ ਜ਼ਰੂਰੀ

ਕਾਰਜ ਵਾਲੀ ਥਾਂ 'ਤੇ ਲੋੜੀਂਦੀ ਮਾਤਰਾ ਵਿਚ ਪਾਣੀ ਅਤੇ ਸਾਬਣ ਮੁਹੱਈਆ ਕਰਵਾਉਣਾ ਯਕੀਨੀ ਬਣਾਇਆ ਜਾਵੇ

ਸਿਵਲ ਸਰਜਨ ਡਾ. ਐਨ.ਕੇ.ਅਗਰਵਾਲ ਨੇ ਅਡਵਾਇਜ਼ਰੀ ਬਾਰੇ ਦਿੱਤੀ ਜਾਣਕਾਰੀ

ਫ਼ਤਹਿਗੜ੍ਹ ਸਾਹਿਬ, 28 ਅਪ੍ਰੈਲ:
ਸਿਹਤ ਤੇ ਪਰਿਵਾਰ ਭਲਾਈ ਮੰਤਰੀ ਸ. ਬਲਬੀਰ ਸਿੰਘ ਸਿੱਧੂ ਨੇ ਕੋਵਿਡ -19 ਦੇ ਮੱਦੇਨਜ਼ਰ ਮਗਨਰੇਗਾ ਅਧੀਨ ਕੰਮ ਕਰਨ ਵਾਲਿਆਂ ਲਈ ਸਫ਼ਾਈ ਅਤੇ ਸਵੱਛਤਾ ਬਣਾ ਕੇ ਰੱਖਣ ਸਬੰਧੀ ਅਡਵਾਇਜ਼ਰੀ ਜਾਰੀ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਐਨ.ਕੇ. ਅਗਰਵਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕੋਰੋਨਾ ਵਾਇਰਸ ਦੇ ਫੈਲਾਅ/ਪ੍ਰਸਾਰ ਨੂੰ ਕਾਬੂ ਕਰਨ ਲਈ ਲੋਕ ਹਿੱਤ ਲਗਾਏ ਕਰਫਿਊ ਦੌਰਾਨ ਭਾਵੇਂ ਸਰਕਾਰ ਨੇ ਮਗਨਰੇਗਾ ਅਧੀਨ ਕੰਮ ਕਰਨ ਵਾਲੇ ਕਾਮਿਆਂ ਦੀਆਂ ਮੁਸ਼ਕਲਾਂ ਨੂੰ ਘਟਾਉਣ ਲਈ ਜ਼ਰੂਰੀ ਗਤੀਵਿਧੀਆਂ ਮੁੜ ਸ਼ੁਰੂ ਕਰਨ ਦੀ ਆਗਿਆ ਦਿੱਤੀ ਹੈ। ਫਿਰ ਵੀ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਜ਼ਰੂਰੀ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਨੂੰ ਯਕੀਨੀ ਬਣਾਉਣਾ ਜ਼ਰੂਰੀ ਹੈ।
ਡਾ. ਅਗਰਵਾਲ ਨੇ ਕਿਹਾ ਕਿ ਜਾਰੀ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੁਪਰਵਾਈਜ਼ਰ ਇੱਕ ਵਿਆਪਕ ਕਾਰਜ ਯੋਜਨਾ ਇਸ ਢੰਗ ਨਾਲ ਵਿਕਸਤ ਕਰ ਸਕਦਾ ਹੈ ਕਿ ਕੰਮ ਕਰਨ ਵਾਲੇ ਕੰਮ ਵਾਲੀ ਥਾਂ 'ਤੇ ਰਿਪੋਰਟ ਕਰਨ ਦੇ ਸਮੇਂ ਅਤੇ ਆਰਾਮ ਦੇ ਸਮੇਂ ਸਮਾਜਕ ਦੂਰੀ ਯਕੀਨੀ ਬਣਾਈ ਜਾਵੇ। ਇਸੇ ਤਰ੍ਹਾਂ, ਕਾਰਜ ਖੇਤਰ ਨੂੰ ਕਾਰਜ ਵਾਲੀ ਥਾਂ 'ਤੇ ਇਸ ਤਰ੍ਹਾਂ ਨਿਰਧਾਰਤ ਕੀਤਾ ਜਾਵੇ ਕਿ ਮਗਨਰੇਗਾ ਕਰਮਚਾਰੀਆਂ ਦਰਮਿਆਨ ਘੱਟੋ-ਘੱਟ 01 ਮੀਟਰ ਦੀ ਸਮਾਜਿਕ ਦੂਰੀ ਦੇ ਨਿਯਮ ਨੂੰ ਕਾਇਮ ਰੱਖਿਆ ਜਾ ਸਕੇ। ਬੁਖਾਰ ਜਾਂ ਹੋਰ ਲੱਛਣ ਜਿਵੇਂ ਖੰਘ/ਸਾਹ ਲੈਣ ਵਿੱਚ ਤਕਲੀਫ਼ ਮਹਿਸੂਸ ਕਰਨ ਵਾਲੇ ਮਗਨਰੇਗਾ ਕਰਮਚਾਰੀਆਂ ਨੂੰ ਘਰ ਵਿੱਚ ਹੀ ਰਹਿਣ ਅਤੇ ਉਨ੍ਹਾਂ ਨੂੰ ਡਾਕਟਰੀ ਸਲਾਹ ਲੈਣ ਲਈ ਪ੍ਰੇਰਿਤ ਕੀਤਾ ਜਾਵੇਗਾ। ਮਗਨਰੇਗਾ ਵਰਕਰ ਕਿਸੇ ਨਾਲ ਹੱਥ ਨਾ ਮਿਲਾਉਣ ਜਾਂ ਕਿਸੇ ਨੂੰ ਗਲੇ ਨਾ ਲਗਾਉਣ। ਮਗਨਰੇਗਾ ਸਟਾਫ਼  ਬਿਨਾਂ ਕੰਮ ਤੋਂ ਨਾ ਘੁੰਮੇ ਅਤੇ ਨਿਰਧਾਰਤ ਖੇਤਰ/ਸਾਈਟ 'ਤੇ ਹੀ ਕੰਮ ਕਰੇ। ਸਰਪੰਚ/ਜੀਆਰਐਸ ਸਮੇਤ ਸਾਰਿਆਂ ਨੂੰ ਹਰ ਸਮੇਂ ਮਾਸਕ ਪਾਉਣੇ ਚਾਹੀਦੇ ਹਨ। ਮਾਸਕ ਨੂੰ ਇਸ ਢੰਗ ਨਾਲ ਪਹਿਨਿਆ ਜਾਣਾ ਚਾਹੀਦਾ ਹੈ ਕਿ ਇਹ ਨੱਕ ਦੇ ਨਾਲ ਨਾਲ ਮੂੰਹ ਨੂੰ ਵੀ ਕਵਰ ਕਰੇ। ਕੱਪੜੇ ਦੇ ਮਾਸਕ ਨੂੰ ਵਰਤੋਂ ਬਾਅਦ ਰੋਜ਼ ਸਾਬਣ ਅਤੇ ਪਾਣੀ ਨਾਲ ਧੋਣਾ ਚਾਹੀਦਾ ਹੈ
ਡਾ. ਅਗਰਵਾਲ ਨੇ ਕਿਹਾ ਕਿ ਕਾਰਜ ਵਾਲੀ ਥਾਂ 'ਤੇ ਲੋੜੀਂਦੀ ਮਾਤਰਾ ਵਿਚ ਪਾਣੀ ਅਤੇ ਸਾਬਣ ਦੀ ਉਪਲਬਧਤਾ ਨੂੰ ਯਕੀਨੀ ਬਣਾਇਆ ਜਾਵੇ। ਮਗਨਰੇਗਾ ਵਰਕਰਾਂ ਨੂੰ ਪ੍ਰੇਰਿਤ ਕੀਤਾ ਜਾਵੇ ਕਿ ਜਦੋਂ ਵੀ ਹੱਥ ਧੋਣ ਦਾ ਮੌਕਾ ਮਿਲੇ, ਉਹ ਘੱਟੋ-ਘੱਟ ਹੱਥਾਂ ਨੂੰ 40 ਸੈਕਿੰਡ ਤੱਕ ਚੰਗੀ ਤਰ੍ਹਾਂ ਧੋਣ, ਨਾਲ ਹੀ ਉਹ ਹਥੇਲੀ, ਹੱਥ ਦਾ ਪਿਛਲਾ ਪਾਸਾ, ਉਂਗਲਾਂ ਅਤੇ ਅੰਗੂਠੇ ਵਿਚਕਾਰ ਵੀ ਚੰਗੀ ਤਰ੍ਹਾਂ ਸਾਬਣ ਤੇ ਪਾਣੀ ਨਾਲ ਹੱਥ ਸਾਫ਼ ਕਰਨ। ਹਰ ਦੋ ਘੰਟੇ ਬਾਅਦ ਹੱਥ ਧੋਣ ਦੀ ਸਿਫਾਰਸ਼ ਗਈ ਹੈ। ਕੰਮ ਸ਼ੁਰੂ ਕਰਨ ਤੋਂ ਪਹਿਲਾਂ ਅਤੇ ਕੰਮ ਕਰਨ ਤੋਂ ਬਾਅਦ ਹੱਥ ਲਾਜ਼ਮੀ ਤੌਰ 'ਤੇ ਸਾਬਣ ਅਤੇ ਪਾਣੀ ਨਾਲ ਧੋਣੇ ਚਾਹੀਦੇ ਹਨ। ਜੇ ਕੋਈ ਮਗਨਰੇਗਾ ਕਰਮਚਾਰੀ ਤੇਜ਼ ਬੁਖਾਰ/ਖੰਘ/ਛਿੱਕ/ ਸਾਹ ਲੈਣ ਵਿੱਚ ਮੁਸ਼ਕਲ ਮਹਿਸੂਸ ਕਰੇ, ਤਾਂ ਉਹ ਖੁਦ ਸੁਪਰਵਾਈਜ਼ਰ ਨੂੰ ਇਸ ਦੀ ਜਾਣਕਾਰੀ ਦੇਵੇ ਅਤੇ ਸਮੇਂ ਸਿਰ ਬੀਮਾਰੀ ਦਾ ਪਤਾ ਲਾਉਣ ਅਤੇ ਇਲਾਜ ਲਈ ਤੁਰੰਤ ਡਾਕਟਰੀ ਸਲਾਹ ਲਵੇ। ਮਗਨਰੇਗਾ ਕਰਮਚਾਰੀਆਂ ਨੂੰ ਇੱਕ ਦੂਜੇ ਤੋਂ ਇਨਫੈਕਸ਼ਨ ਨੂੰ ਰੋਕਣ ਲਈ  ਦੁਪਹਿਰ ਦੇ ਖਾਣੇ/ਸਨੈਕਸ ਇੱਕਠਿਆਂ ਨਹੀਂ ਖਾਣੇ ਚਾਹੀਦੇ।

ਦਫ਼ਤਰ ਜ਼ਿਲਾ ਲੋਕ ਸੰਪਰਕ ਅਫਸਰ, ਫ਼ਤਹਿਗੜ ਸਾਹਿਬ

ਕੋਰੋਨਾ ਖ਼ਿਲਾਫ਼ ਜੰਗ: ਪੀ.ਐਚ.ਸੀ.ਚਨਾਰਥਲ ਕਲਾਂ ਵੱਲੋਂ ਪਿੰਡਾਂ ਵਿੱਚ ਲੋਕਾਂ ਦੀ ਸਕਰੀਨਿੰਗ

ਐਸ.ਐਮ.ਓ. ਡਾ. ਰਮਿੰਦਰ ਕੌਰ ਵਾਲੀਆ ਨੇ ਲੋਕਾਂ ਨੂੰ ਘਰਾਂ ਵਿੱਚ ਹੀ ਰਹਿਣ ਦੀ ਕੀਤੀ ਅਪੀਲ

ਫ਼ਤਹਿਗੜ੍ਹ ਸਾਹਿਬ, 28 ਅਪ੍ਰੈਲ :

ਪੀ.ਐਚ.ਸੀ.ਚਨਾਰਥਲ ਕਲਾਂ ਦੇ ਐਸ.ਐਮ.ਓ. ਡਾ. ਰਮਿੰਦਰ ਕੌਰ ਵਾਲੀਆ ਨੇ ਦੱਸਿਆ ਕਿ ਚਨਾਰਥਲ ਕਲਾਂ ਦੀ ਸਿਹਤ ਸੰਸਥਾ ਵਿੱਚ ਰੋਜ਼ਾਨਾਂ ਕੋਰੋਨਾ ਵਾਇਰਸ ਸਬੰਧੀ ਸੈਂਪਲ ਲਏ ਜਾ ਰਹੇ ਹਨ ਤੇ ਕੱਲ੍ਹ ਅਤੇ ਅੱਜ ਲਏ ਕੁੱਲ 38 ਸੈਂਪਲਾਂ ਦੀ ਰਿਪੋਰਟ ਆਉਣੀ ਬਾਕੀ ਹੈ। ਐਸ.ਐਮ. ਓ. ਨੇ ਦੱਸਿਆ ਕਿ ਇਸ ਸਿਹਤ ਸੰਸਥਾ ਅਧੀਨ ਪੈਂਦੇ ਪਿੰਡਾਂ ਵਿੱਚ ਬਾਹਰੋਂ ਆ ਰਹੇ ਲੋਕਾਂ ਦੀ ਸਕਰੀਨਿੰਗ ਕੀਤੀ ਜਾ ਰਹੀ ਹੈ ਅਤੇ ਲੋੜ ਅਨੁਸਾਰ ਇਕਾਂਤਾਵਸ ਵੀ ਕੀਤਾ ਜਾ ਰਿਹਾ ਹੈ।

ਐਸ.ਐਮ. ਓ. ਨੇ ਕਿਹਾ ਕਿ ਲੋਕਾਂ ਨੂੰ ਆਪਣੇ ਘਰਾਂ ਦੀ ਸਾਫ ਸਫਾਈ ਦਾ ਵੱਧ ਤੋਂ ਵੱਧ ਧਿਆਨ ਦੇਣਾ ਚਾਹੀਦਾ ਹੈ ਤੇ ਪੌਸ਼ਟਿਕ ਖੁਰਾਕ ਖਾਣੀ ਚਾਹੀਦੀ ਹੈ। ਆਪਣੇ ਹੱਥਾਂ ਨੂੰ ਵਾਰ-ਵਾਰ ਸਾਬਣ ਅਤੇ ਪਾਣੀ ਨਾਲ ਧੋਣਾ ਚਾਹੀਦਾ ਹੈ। ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸਾਨੂੰ ਆਪਣੇ ਘਰਾਂ ਵਿੱਚ ਹੀ ਰਹਿਣਾ ਚਾਹੀਦਾ ਹੈ ਅਤੇ ਕਿਸੇ ਅਤਿ ਜ਼ਰੂਰੀ ਕਾਰਨ ਕਰ ਕੇ ਹੀ ਬਾਹਰ ਨਿਕਲਣਾ ਚਾਹੀਦਾ ਹੈ ਅਤੇ ਘਰੋਂ ਬਾਹਰ ਨਿਕਲਦੇ ਸਮੇਂ ਆਪਣੇ ਮੂੰਹ 'ਤੇ ਮਾਸਕ ਪਾਉਣਾ ਲਾਜ਼ਮੀ ਹੈ। ਇਸ ਤੋਂ ਇਲਾਵਾ ਸਮਾਜਿਕ ਵਿੱਥ ਦਾ ਵਿਸ਼ੇਸ਼ ਧਿਆਨ ਰੱਖਣਾ ਚਾਹੀਦਾ ਹੈ। ਇਸ ਮੌਕੇ ਬੀ.ਈ.ਈ. ਜਸਵਿੰਦਰ ਕੌਰ ਵੀ ਹਾਜ਼ਰ ਸਨ।

ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫ਼ਤਹਿਗੜ੍ਹ ਸਾਹਿਬ

ਕੋਰੋਨਾ ਖ਼ਿਲਾਫ਼ ਜੰਗ: ਲੋੜਵੰਦਾਂ ਦੀ ਮਦਦ ਲਈ ਨਿੱਤਰੇ ਮਾਰਕਿਟ ਕਮੇਟੀ, ਸਰਹਿੰਦ ਦੇ ਮੁਲਾਜ਼ਮ

ਲੋੜਵੰਦਾਂ ਨੂੰ ਮੁਹੱਈਆ ਕਰਵਾਏ ਜਾ ਰਹੇ ਲੰਗਰ ਲਈ 75 ਕੁਇੰਟਲ ਕਣਕ ਦਿੱਤੀ

ਸਬ ਡਿਵੀਜ਼ਨ ਸਰਹਿੰਦ ਵਿੱਚ ਰੋਜ਼ਾਨਾ 25 ਹਜ਼ਾਰ ਵਿਅਕਤੀਆਂ ਨੂੰ ਮੁਹੱਈਆ ਕਰਵਾਇਆ ਜਾ ਰਿਹਾ ਹੈ ਤਿਆਰ ਖਾਣਾ

ਐਸ.ਡੀ.ਐਮ. ਡਾ. ਸੰਜੀਵ ਕੁਮਾਰ ਵੱਲੋਂ ਮਾਰਕਿਟ ਕਮੇਟੀ, ਸਰਹਿੰਦ ਦੇ ਮੁਲਾਜ਼ਮਾਂ ਦੀ ਸ਼ਲਾਘਾ

ਫ਼ਤਹਿਗੜ੍ਹ ਸਾਹਿਬ, 28 ਅਪ੍ਰੈਲ

ਕੋਰੋਨਾ ਵਾਇਰਸ ਕਾਰਨ ਲੱਗੇ ਕਰਫਿਊ ਦੌਰਾਨ ਸਬ ਡਿਵੀਜ਼ਨ ਸਰਹਿੰਦ ਵਿੱਚ ਰੋਜ਼ਾਨਾ 25 ਹਜ਼ਾਰ ਲੋਕਾਂ ਨੂੰ ਪ੍ਰਸ਼ਾਸਨ ਵੱਲੋਂ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਤਿਆਰ ਖਾਣਾ ਮੁਹੱਈਆ ਕਰਵਾਇਆ ਜਾ ਰਿਹਾ ਹੈ ਤੇ ਇਸ ਲੰਗਰ ਵਿੱਚ ਅਹਿਮ ਯੋਗਦਾਨ ਪਾਉਂਦਿਆਂ ਮਾਰਕਿਟ ਕਮੇਟੀ, ਸਰਹਿੰਦ ਦੇ ਮੁਲਾਜ਼ਮਾਂ ਨੇ ਆਪਣੇ ਵੱਲੋਂ 75 ਕੁਇੰਟਲ ਕਣਕ ਦਿੱਤੀ ਹੈ। ਇਹ ਜਾਣਕਾਰੀ ਦਿੰਦਿਆਂ ਐਸ.ਡੀ.ਐਮ. ਫ਼ਤਹਿਗੜ੍ਹ ਸਾਹਿਬ ਡਾ. ਸੰਜੀਵ ਕੁਮਾਰ ਨੇ ਇਹ ਉਪਰਾਲਾ ਕਰਨ ਵਾਲੇ ਮੁਲਾਜ਼ਮਾਂ ਦਾ ਧੰਨਵਾਦ ਕੀਤਾ।

ਐਸ.ਡੀ.ਐਮ. ਨੇ ਕਿਹਾ ਕਿ ਇਸ ਮੁਸ਼ਕਲ ਦੀ ਘੜੀ ਵਿੱਚ ਵੱਖ ਵੱਖ ਸਮਾਜ ਸੇਵੀ ਸੰਸਥਾਵਾਂ ਵੱਲੋਂ ਲੋੜਵੰਦਾਂ ਦੀ ਮਦਦ ਲਈ ਸੁੱਕਾ ਰਾਸ਼ਨ ਤੇ ਅਨਾਜ ਦੇ ਕੇ ਯੋਗਦਾਨ ਪਾਇਆ ਜਾ ਰਿਹਾ ਹੈ ਤੇ ਮਾਰਕਿਟ ਕਮੇਟੀ ਦੇ ਮੁਲਾਜ਼ਮਾਂ ਨੇ ਇਹ ਕਣਕ ਦੇ ਕੇ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਕਿਹਾ ਕਿ ਕੋਰੋਨਾ ਖ਼ਿਲਾਫ਼ ਜੰਗ ਜਿੱਤਣ ਵਿੱਚ ਸਭਨਾਂ ਦਾ ਸਹਿਯੋਗ ਜ਼ਰੂਰੀ ਹੈ ਤੇ ਇਨ੍ਹਾਂ ਮੁਲਾਜ਼ਮਾਂ ਤੋਂ ਪ੍ਰੇਰਨਾ ਲੈ ਕੇ ਹੋਰਨਾਂ ਨੂੰ ਵੀ ਲੋੜਵੰਦਾਂ ਦੀ ਮਦਦ ਲਈ ਅੱਗੇ ਆਉਣਾ ਚਾਹੀਦਾ ਹੈ।

ਡਾ. ਸੰਜੀਵ ਕੁਮਾਰ ਨੇ ਕਿਹਾ ਕਿ ਪ੍ਰਸ਼ਾਸਨ ਵੱਲੋਂ ਇਸ ਕਰਫਿਊ ਦੌਰਾਨ ਸਾਰਾ ਲੋੜੀਂਦਾ ਸਮਾਨ ਲੋਕਾਂ ਦੇ ਘਰਾਂ ਤੱਕ ਪੁੱਜਦਾ ਕੀਤਾ ਜਾ ਰਿਹਾ ਹੈ ਤੇ ਇਹ ਗੱਲ ਯਕੀਨੀ ਬਣਾਈ ਗਈ ਹੈ ਕਿ ਕਿਸੇ ਵੀ ਵਿਅਕਤੀ ਨੂੰ ਕਿਸੇ ਕਿਸਮ ਦੀ ਦਿੱਕਤ ਨਾ ਆਵੇ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇਨ ਬਿਨ ਪਾਲਣਾ ਯਕੀਨੀ ਬਣਾ ਕੇ ਸਰਕਾਰ ਨੂੰ ਇਸ ਜੰਗ ਵਿੱਚ ਸਹਿਯੋਗ ਦਿੱਤਾ ਜਾਵੇ। ਉਨ੍ਹਾਂ ਨੇ 75 ਕੁਇੰਟਲ ਕਣਕ ਦਿੱਤੇ ਜਾਣ ਸਬੰਧੀ ਜ਼ਿਲ੍ਹਾ ਮੰਡੀ ਅਫ਼ਸਰ ਰਜਿੰਦਰ ਕੁਮਾਰ, ਮਾਰਕਿਟ ਕਮੇਟੀ ਦੇ ਸਕੱਤਰ ਗਗਨਦੀਪ ਸਿੰਘ ਤੇ ਸਮੂਹ ਮੁਲਾਜ਼ਮਾਂ ਦਾ ਧੰਨਵਾਦ ਕੀਤਾ। ਇਸ ਮੌਕੇ ਤਹਿਸੀਲਦਾਰ ਗੁਰਜਿੰਦਰ ਸਿੰਘ ਵੀ ਹਾਜ਼ਰ ਸਨ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਈ-ਸੰਜੀਵਨੀ ਓਪੀਡੀ ਜ਼ਰੀਏ ਘਰ ਬੈਠੇ ਲਵੋ ਮੁਫ਼ਤ ਡਾਕਟਰੀ ਸਲਾਹ

ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਪੰਜਾਬ ਸਰਕਾਰ ਦਾ ਉਪਰਾਲਾ

ਲਾਭ ਲੈਣ ਲਈ esanjeevaniopd.in 'ਤੇ ਕਰੋ ਰਜਿਸਟਰ

ਫ਼ਤਹਿਗੜ੍ਹ ਸਾਹਿਬ, 28 ਅਪ੍ਰੈਲ

ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਪੰਜਾਬ ਸਰਕਾਰ ਨੇ ਲੋਕਾਂ ਨੂੰ ਘਰ ਬੈਠੇ ਹੀ ਮੁਫ਼ਤ ਡਾਕਟਰੀ ਸਲਾਹ ਮੁਹੱਈਆ ਕਰਵਾਉਣ ਲਈ ਈ-ਸੰਜੀਵਨੀ ਓਪੀਡੀ ਦੀ ਸ਼ੁਰੂਆਤ ਕੀਤੀ ਹੈ। ਇਹ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ ਕਮ ਨੋਡਲ ਅਫ਼ਸਰ ਕੋਵਿਡ-19 ਕੰਟਰੋਲ ਸ਼੍ਰੀ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਸੋਮਵਾਰ ਤੋਂ ਸਨਿੱਚਰਵਾਰ ਸਵੇਰੇ 10:00 ਵਜੇ ਤੋਂ ਦੁਪਹਿਰ 01:00 ਵਜੇ ਤੱਕ ਇਸ ਸਹੂਲਤ ਦਾ ਲਾਭ ਲਿਆ ਜਾ ਸਕਦਾ ਹੈ, ਜਿਸ ਲਈ esanjeevaniopd.in 'ਤੇ ਰਜਿਸਟਰ ਹੋਣਾ ਲਾਜ਼ਮੀ ਹੈ।

ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਦੀ ਵਰਤੋਂ ਲਈ ਕੈਮਰੇ ਸਮੇਤ ਲੈਪਟੌਪ/ਪੀ.ਸੀ., ਮਾਈਕ, ਸਪੀਕਰ ਤੇ ਇੰਟਰਨੈੱਟ (02 ਐਮਬੀਪੀਐਸ) ਹੋਣਾ ਲਾਜ਼ਮੀ ਹੈ। ਰਜਿਸਟਰੇਸ਼ਨ ਪ੍ਰਕਿਰਿਆ ਤਹਿਤ ਪਹਿਲਾਂ ਓਟੀਪੀ ਜ਼ਰੀਏ ਮੋਬਾਈਲ ਫੋਨ ਨੰਬਰ ਤਸਦੀਕ ਹੋਵੇਗਾ, ਉਸ ਉਪਰੰਤ ਨਵੇਂ ਮਰੀਜ਼ ਦੀ ਰਜਿਸਟਰੇਸ਼ਨ ਤਹਿਤ ਟੋਕਨ ਜਨਰੇਟ ਹੋਵੇਗਾ। ਨੋਟੀਫਿਕੇਸ਼ਨ ਪ੍ਰਾਪਤ ਹੋਣ ਤੋਂ ਬਾਅਦ ਲੌਗ-ਇਨ ਕੀਤਾ ਜਾ ਸਕੇਗਾ। ਇਸ ਉਪਰੰਤ ਵਾਰੀ ਮੁਤਾਬਕ ਡਾਕਟਰੀ ਸਲਾਹ ਮਿਲੇਗੀ ਤੇ ਅਖੀਰ ਵਿੱਚ ਡਾਕਟਰੀ ਸਲਾਹ ਦੀ ਈ-ਪਰਚੀ ਡਾਊਨਲੋਡ ਹੋਵੇਗੀ।

ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕੋਰੋਨਾ ਵਾਇਰਸ ਤੋਂ ਬਚਾਅ ਲਈ ਲਾਜ਼ਮੀ ਹੈ ਕਿ ਬਿਨਾਂ ਕਿਸੇ ਅਤਿ ਜ਼ਰੂਰੀ ਕੰਮ ਤੋਂ ਘਰੋਂ ਬਾਹਰ ਨਾ ਨਿਕਲਿਆ ਜਾਵੇ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਈ-ਸੰਜੀਵਨੀ ਓਪੀਡੀ ਦਾ ਲਾਹਾ ਲੈਣ ਤੇ ਘਰੋਂ ਬਾਹਰ ਜਾਣ ਤੋਂ ਗੁਰੇਜ਼ ਕਰ ਕੇ ਕੋਰੋਨਾ ਖ਼ਿਲਾਫ਼ ਜੰਗ ਵਿੱਚ ਪੰਜਾਬ ਸਰਕਾਰ ਨੂੰ ਸਹਿਯੋਗ ਦੇਣ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜ਼ਿਲ੍ਹੇ ਅੰਦਰ ਪੈਂਦੇ ਨੈਸ਼ਨਲ ਤੇ ਸਟੇਟ
ਹਾਈਵੇਅ ’ਤੇ ਸਥਿਤ ਪੈਟਰੋਲ ਤੇ ਡੀਜ਼ਲ ਪੰਪ 24 ਘੰਟੇ ਖੋਲਣ ਦੇ ਹੁਕਮ

ਬਾਕੀ ਪੈਟਰੋਲ ਪੰਪ ਸਵੇਰੇ 07:00 ਵਜੇ ਤੋਂ ਸ਼ਾਮ 05:00 ਵਜੇ ਤੱਕ ਖੁਲ੍ਹੇ ਰਹਿਣਗੇ

ਫ਼ਤਹਿਗੜ੍ਹ ਸਾਹਿਬ, 28 ਅਪ੍ਰੈਲ :

ਜ਼ਿਲ੍ਹਾ ਮੈਜਿਸਟਰੇਟ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਕੋਵਿਡ-19 ਨੂੰ ਫੈਲਣ ਤੋਂ ਰੋਕਣ ਲਈ ਲਗਾਏ ਕਰਫਿਊ ਦੌਰਾਨ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਦੀ ਹਦੂਦ ਅੰਦਰ ਨੈਸ਼ਨਲ ਹਾਈ ਵੇਅ ਤੇ ਸਟੇਟ ਹਾਈ ਵੇਅ ’ਤੇ ਸਥਿਤ ਪੈਟਰੋਲ ਅਤੇ ਡੀਜ਼ਲ ਪੰਪ 24 ਘੰਟੇ ਖੁਲ੍ਹੇ ਰੱਖਣ ਦੇ ਹੁਕਮ ਜਾਰੀ ਕੀਤੇ ਹਨ। ਜਦੋਂ ਕਿ ਜ਼ਿਲ੍ਹੇ ਅੰਦਰ ਬਾਕੀ ਪੈਟਰੋਲ ਪੰਪ ਸਵੇਰੇ 07:00 ਵਜੇ ਤੋਂ ਸ਼ਾਮ 05:00 ਵਜੇ ਤੱਕ ਖੁਲ੍ਹੇ ਰਹਿਣਗੇ। ਇਸ ਤੋਂ ਇਲਾਵਾ ਇਹ ਪੈਟਰੋਲ ਪੰਪ ਕੋਵਿਡ-19 ਸਬੰਧੀ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਨਗੇ।

ਪਹਿਲਾਂ ਕਰਫਿਊ ਦੌਰਾਨ ਜ਼ਿਲ੍ਹੇ ਅੰਦਰ ਅਤੇ ਹਾਈਵੇਅ ’ਤੇ ਸਥਿਤ ਪੈਟਰੋਲ ਪੰਪਾਂ ਨੂੰ ਖੋਲਣ ਦਾ ਸਮਾਂ ਤੈਅ ਕੀਤਾ ਗਿਆ ਸੀ , ਜਿਸ ਵਿੱਚ ਸੋਧ ਕਰਦੇ ਹੋਏ ਪੈਟਰੋਲ ਤੇ ਡੀਜ਼ਲ ਪੰਪ 24 ਘੰਟੇ ਖੁਲ੍ਹੇ ਰੱਖਣ ਦੇ ਹੁਕਮ ਜਾਰੀ ਕੀਤੇ ਗਏ ਹਨ।